# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :15-12-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸਵੇਰੇ ਜਾਰਡਨ, ਇਥੋਪੀਆ ਅਤੇ ਓਮਾਨ ਦੇ ਤਿੰਨ ਦੇਸ਼ਾਂ ਦੇ ਦੌਰੇ 'ਤੇ ਰਵਾਨਾ ਹੋਏ। ਆਪਣੀ ਯਾਤਰਾ ਦੇ ਪਹਿਲੇ ਗੇੜ 'ਤੇ, ਸ਼੍ਰੀ ਮੋਦੀ ਰਾਜਾ ਅਬਦੁੱਲਾ-॥ ਇਬਨ ਅਲ ਹੁਸੈਨ ਦੇ ਸੱਦੇ 'ਤੇ ਜਾਰਡਨ ਜਾਣਗੇ । ਆਪਣੇ ਰਵਾਨਗੀ ਬਿਆਨ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ, ਉਹ ਰਾਜਾ ਅਬਦੁੱਲਾ ਅਤੇ ਜਾਰਡਨ ਦੇ ਪ੍ਰਧਾਨ ਮੰਤਰੀ ਜਾਫਰ ਹਸਨ ਨਾਲ ਵਿਸਥਾਰਤ ਚਰਚਾ ਕਰਨਗੇ। ਪ੍ਰਧਾਨ ਮੰਤਰੀ ਅੱਮਾਨ ਵਿੱਚ ਭਾਰਤੀ ਭਾਈਚਾਰੇ ਨਾਲ ਵੀ ਮੁਲਾਕਾਤ ਕਰਨਗੇ, ਜਿਨ੍ਹਾਂ ਨੇ ਭਾਰਤ-ਜਾਰਡਨ ਸਬੰਧਾਂ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਏ । ਸ਼੍ਰੀ ਮੋਦੀ ਦੀ ਇਹ ਯਾਤਰਾ ਦੋਵਾਂ ਦੇਸ਼ਾਂ ਵਿਚਕਾਰ ਕੂਟਨੀਤਕ ਸਬੰਧਾਂ ਦੀ

ਸਥਾਪਨਾ ਦੀ 75ਵੀਂ ਵਰ੍ਹੇਗੰਢ ਦੇ ਨਾਲ ਮੇਲ ਖਾਂਦੀ ਏ । ਅੱਮਾਨ ਤੋਂ, ਪ੍ਰਧਾਨ ਮੰਤਰੀ ਕੱਲ੍ਹ ਇਥੋਪੀਆ ਦੀ ਰਾਜਧਾਨੀ ਅਦੀਸ ਅਬਾਬਾ ਜਾਣਗੇ ਜਿੱਥੇ ਉਹ ਇਥੋਪੀਆ ਦੇ ਪ੍ਰਧਾਨ ਮੰਤਰੀ ਡਾ. ਅਬੀ ਅਹਿਮਦ ਅਲੀ ਨਾਲ  ਚਰਚਾ ਕਰਨਗੇ।

-------------------------------------------

ਉਪ-ਰਾਸ਼ਟਰਪਤੀ ਸੀ. ਪੀ ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਸਰਦਾਰ ਵੱਲਭਭਾਈ ਪਟੇਲ ਨੂੰ ਉਨ੍ਹਾਂ ਦੀ 75ਵੀਂ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ । ਉਪ-ਰਾਸ਼ਟਰਪਤੀ ਨੇ ਕਿਹਾ ਕਿ ਸਰਦਾਰ ਪਟੇਲ ਦੀ ਅਗਵਾਈ ਨੇ ਵਿਸ਼ਾਲ ਭਾਸ਼ਾਈ, ਸੱਭਿਆਚਾਰਕ ਅਤੇ ਖੇਤਰੀ ਵਿਭਿੰਨਤਾ ਵਾਲੇ ਰਾਸ਼ਟਰ ਨੂੰ ਇਕੱਠਾ ਕਰਨ ਦੀ ਵੱਡੀ ਚੁਣੌਤੀ ਦਾ ਸਾਹਮਣਾ ਕੀਤਾ। ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਵਲੋਂ ਪਾਇਆ ਯੋਗਦਾਨ ਬੇਮਿਸਾਲ ਏ । ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਸਰਦਾਰ ਪਟੇਲ ਨੇ ਦੇਸ਼ ਨੂੰ ਇਕ ਸੂਤਰ ਵਿਚ ਬੰਨਣ ਲਈ ਆਪਣਾ

ਜੀਵਨ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਰਾਸ਼ਟਰ ਇੱਕ ਅਣਵੰਡੇ ਅਤੇ ਮਜ਼ਬੂਤ ਭਾਰਤਵਰਸ਼ ਦੀ ਸਿਰਜਣਾ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖੇਗਾ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਸਰਦਾਰ ਪਟੇਲ ਨੇ ਪ੍ਰਤੀਕੂਲ ਹਾਲਾਤ ਦੇ ਬਾਵਜੂਦ ਭਾਰਤ ਨੂੰ ਇਕੱਠਿਆਂ ਕੀਤਾ ਸੀ। ਅਮਿਤ ਸ਼ਾਹ ਨੇ ਕਿਹਾ ਕਿ ਦੇਸ਼ ਦੇ ਪਹਿਲੇ ਗ੍ਰਹਿ ਮੰਤਰੀ ਹੋਣ ਦੇ ਨਾਤੇ, ਸਰਦਾਰ ਪਟੇਲ ਨੇ ਭਾਰਤ ਮਾਤਾ ਦੀ ਸੁਰੱਖਿਆ, ਦੇਸ਼ ਵਿੱਚ ਅੰਦਰੂਨੀ ਸਥਿਰਤਾ ਅਤੇ ਸ਼ਾਂਤੀ ਦੀ ਸਥਾਪਨਾ ਨੂੰ ਆਪਣੇ ਜੀਵਨ ਦਾ ਟੀਚਾ ਬਣਾਇਆ । ਗ੍ਰਹਿ ਮੰਤਰੀ ਨੇ ਕਿਹਾ ਕਿ ਸਰਦਾਰ ਪਟੇਲ ਨੇ ਸਹਿਕਾਰੀ ਅੰਦੋਲਨ ਨੂੰ ਸੁਰਜੀਤ ਕੀਤਾ ਅਤੇ ਔਰਤਾਂ ਅਤੇ ਕਿਸਾਨਾਂ ਨੂੰ ਸਸ਼ਕਤ ਬਣਾ ਕੇ ਇੱਕ ਆਤਮ-ਨਿਰਭਰ ਭਾਰਤ ਦੀ ਬੁਨਿਆਦ ਰੱਖੀ। ਉਨ੍ਹਾਂ ਕਿਹਾ ਕਿ ਸਰਦਾਰ ਪਟੇਲ ਹਮੇਸ਼ਾ ਦੇਸ਼ ਵਾਸੀਆਂ ਨੂੰ ਰਾਸ਼ਟਰ ਪਹਿਲਾਂ

ਦੇ ਸਿਧਾਂਤ ਨਾਲ ਇੱਕ ਧਰੁਵ ਤਾਰੇ ਵਾਂਗ ਮਾਰਗ-ਦਰਸ਼ਨ ਕਰਨਗੇ।

------------------------------------------------

ਰਾਜ ਕੁਮਾਰ ਗੋਇਲ ਨੇ ਅੱਜ ਮੁੱਖ ਸੂਚਨਾ ਕਮਿਸ਼ਨਰ ਵਜੋਂ ਸਹੁੰ ਚੁੱਕੀ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰਪਤੀ ਭਵਨ ਵਿਖੇ ਸ਼੍ਰੀ ਗੋਇਲ ਨੂੰ ਅਹੁਦੇ  ਦੀ ਸਹੁੰ ਚੁਕਾਈ।

------------------------------------------------

ਚੋਣ ਕਮਿਸ਼ਨ ਵੱਲੋਂ ਨਿਰਧਾਰਤ ਪ੍ਰੋਗਰਾਮ ਅਨੁਸਾਰ ਪੰਜਾਬ ਭਰ ਦੀਆਂ 22 ਜ਼ਿਲ੍ਹਾ ਪ੍ਰੀਸ਼ਦਾਂ ਦੀਆਂ 347 ਜ਼ੋਨਾਂ ਅਤੇ 153 ਪੰਚਾਇਤ ਸੰਮਤੀਆਂ ਦੀਆਂ 2 ਹਜ਼ਾਰ 838 ਜ਼ੋਨਾਂ ਤੋਂ ਮੈਂਬਰਾਂ ਦੀ ਚੋਣ ਲਈ ਆਮ ਚੋਣਾਂ ਅਮਨ ਅਮਾਨ ਤੇ ਸ਼ਾਂਤੀਪੂਰਨ ਢੰਗ ਨਾਲ ਕੱਲ ਮੁਕੰਮਲ ਹੋਈਆਂ । ਚੌਣਾਂ ਦੌਰਾਨ ਕਿਸੇ ਜਾਨੀ ਨੁਕਸਾਨ ਜਾਂ ਝੜਪ ਦੀ ਖ਼ਬਰ ਨਹੀਂ ਏ ।ਕਮਿਸ਼ਨ ਵੱਲੋਂ ਕੁਝ ਜ਼ਿਲਿਆਂ ਦੇ ਬੂਥਾਂ 'ਤੇ ਮੁੜ ਤੋਂ ਚੌਣਾਂ ਕਰਵਾਉਣ ਦਾ ਹੁਕਮ ਦਿੱਤਾ ਗਿਆ ਏ ਜਿਨ੍ਹਾਂ 'ਚ   ਜ਼ਿਲ੍ਹਾ

ਅੰਮ੍ਰਿਤਸਰ ਦੇ ਬਲਾਕ ਸੰਮਤੀ ਅਟਾਰੀ, ਜ਼ਿਲ੍ਹਾ ਬਰਨਾਲਾ ਦੇ ਬਲਾਕ ਸੰਮਤੀ ਚੰਨਣਵਾਲ ਪਿੰਡ ਰਾਏਸਰ ਪਟਿਆਲਾ ,ਗਿੱਦੜਬਾਹਾ ਦੇ ਬਲਾਕ ਕੋਟ ਭਾਈ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਪਿੰਡ ਬਬਾਨੀਆ ਅਤੇ ਪਿੰਡ ਮਧੀਰ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਚੰਨ੍ਹੀਆਂ ਜ਼ਿਲ੍ਹਾ ਜਲੰਧਰ ਦੇ ਪੰਚਾਇਤ ਸੰਮਤੀ ਭੋਗਪੁਰ ਇਸ ਚੋਣਾਂ ਕੱਲ 16 ਦਸੰਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਕਰਵਾਈਆਂ ਜਾਣਗੀਆਂ ਅਤੇ ਇਹਨਾਂ ਵੋਟਾਂ ਦੀ ਗਿਣਤੀ 17 ਤਰੀਕ ਨੂੰ ਆਮ ਗਿਣਤੀ ਦੇ ਨਾਲ ਹੀ ਕੀਤੀ ਜਾਵੇਗੀ | ਜਲੰਧਰ ਚ ਦੁਆਬਾ ਕਾਲਜ ਜਲੰਧਰ ਵਿਖੇ ਬੈਲਟ ਬਾਕਸਾਂ ਨੂੰ ਰੱਖਣ ਲਈ ਬਣਾਏ ਗਏ ਗਿਣਤੀ ਕੇਂਦਰ ਦਾ ਚੋਣ ਆਬਜਰਵਰ ਨਯਨ ਵਲੋਂ ਨਿਰਖਣ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬੈਲਟ ਬਾਕਸਾਂ ਦੀ 24 ਘੰਟੇ ਨਿਗਰਾਨੀ ਲਈ ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਹਨ ਅਤੇ ਕਿਸੇ ਨੂੰ ਵੀ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਉਨ੍ਹਾਂ

ਕਿਹਾ ਵੋਟਾਂ ਦੀ ਗਿਣਤੀ 17 ਦਸੰਬਰ ਨੂੰ ਸਵੇਰੇ 8 ਵਜੇ ਤੋਂ ਸ਼ੁਰੂ ਹੋਵੇਗੀ। ਉਨ੍ਹਾਂ  ਦੱਸਿਆ ਕਿ ਰਾਜ ਚੋਣ ਕਮਿਸ਼ਨ ਵਲੋਂ ਜਾਰੀ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਂਦਿਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਲਈ ਪਈਆਂ ਵੋਟਾਂ ਦੀ ਗਿਣਤੀ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਜ਼ਿਲ੍ਹਾ ਪ੍ਰੀਸ਼ਦ ਦੇ ਪੰਚਾਇਤ ਸੰਮਤੀ ਚੋਣਾਂ ਲਈ ਪਈਆਂ ਵੋਟਾਂ ਦੀ ਸੁਚੱਜੇ ਢੰਗ ਨਾਲ ਗਿਣਤੀ ਕਰਵਾਉਣ ਲਈ ਵਚਨਬੱਧ ਏ । ਉਨ੍ਹਾਂ ਇਸ ਮੌਕੇ ਸੁਰੱਖਿਆ ਲਈ ਤਾਇਨਾਤ ਸੁਰੱਖਿਆ ਅਮਲੇ ਨੂੰ ਹਦਾਇਤ ਕੀਤੀ ਕਿ ਬੈਲਟ ਬਾਕਸਾਂ ਦੀ ਪੂਰੀ ਮੁਸ਼ਤੈਦੀ ਨਾਲ ਨਿਗਰਾਨੀ ਨੂੰ ਯਕੀਨੀ ਬਣਾਇਆ ਜਾਵੇ ਅਤੇ ਇਸ ਵਿੱਚ ਕਿਸੇ ਵੀ ਪ੍ਰਕਾਰ ਦੀ ਅਣਗਹਿਲੀ ਬਿਲਕੁੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

-----------------------------------------

ਪੰਜਾਬ ਸੂਬੇ ਨੇ ਰਾਸ਼ਟਰੀ ਊਰਜਾ ਸੰਭਾਲ ਪੁਰਸਕਾਰਾਂ-2025 ਦੇ ਸੂਬਿਆਂ ਦੀ ਕਾਰਗੁਜਾਰੀ ਵਰਗ ਵਿੱਚ ਦੇਸ਼ ਭਰ ਵਿਚੋਂ ਦੂਜਾ ਸਥਾਨ ਹਾਸਲ ਕੀਤਾ ਏ। ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤਾਂ ਬਾਰੇ ਮੰਤਰੀ ਅਮਨ ਅਰੋੜਾ ਨੇ ਕੱਲ ਦਿੱਲੀ ਦੇ ਵਿਗਿਆਨ ਭਵਨ ਵਿਖੇ ਹੋਏ ਰਾਸ਼ਟਰੀ ਊਰਜਾ ਸੰਭਾਲ ਪੁਰਸਕਾਰ 2025 ਸਮਾਰੋਹ ਵਿਚ ਰਾਸ਼ਟਰਪਤੀ  ਦਰੋਪਦੀ ਮੁਰਮੂ ਪਾਸੋਂ ਇਹ ਪੁਰਸਕਾਰ ਪ੍ਰਾਪਤ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਰੋੜਾ ਨੇ ਕਿਹਾ ਕਿ ਇਸ ਵੱਕਾਰੀ ਪੁਰਸਕਾਰ ਨੂੰ ਜਿੱਤਣ ਸਦਕਾ ਪੰਜਾਬ ਊਰਜਾ ਸਮਰੱਥਾ ਦੇ ਖੇਤਰ ਵਿਚ ਵਧੀਆ ਕਾਰਗੁਜ਼ਾਰੀ ਵਾਲੇ ਦੇਸ਼ ਦੇ ਚੋਟੀ ਦੇ ਸੂਬਿਆਂ ਵਿਚ ਸ਼ਾਮਲ ਹੋ ਗਿਆ ਏ। ਉਨਾਂ ਕਿਹਾ ਕਿ ਪੰਜਾਬ ਦੇ ਖੇਤੀਬਾੜ੍ਹੀ ਖੇਤਰ ਵਿਚ 18000 ਸੂਰਜੀ ਊਰਜਾ ਵਾਲੇ ਪੰਪ ਲਗਾਏ ਚੁੱਕੇ ਹਨ ਅਤੇ ਇਸ ਗਿਣਤੀ ਨੂੰ ਹੋਰ ਵਧਾਉਣ ਲਈ ਉਪਰਾਲੇ ਜਾਰੀ ਨੇ। ਅਮਨ ਅਰੋੜਾ ਨੇ

ਕਿਹਾ ਕਿ ਇਮਾਰਤਾਂ ਵਿਚ ਊਰਜਾ ਸਮਰੱਥਾ ਵਾਧੇ ਅਤੇ ਸੰਭਾਲ ਲਈ ਕਦਮ ਚੁੱਕਣੇ ਵਪਾਰਕ ਖੇਤਰ ਵਿਚ ਊਰਜਾ ਬਚਾਉਣ ਲਈ ਬਹੁਤ ਅਹਿਮੀਅਤ ਰੱਖਦਾ ਏ, ਜਿਸ ਖਾਤਰ ਊਰਜਾ ਕੁਸ਼ਲਤਾ ਵਾਲੇ ਡਿਜਾਇਨ, ਢੁੱਕਵੀਂ ਇਮਾਰਤੀ ਸਮੱਗਰੀ ਦੀ ਵਰਤੋ ਅਤੇ ਊਰਜਾ ਸੰਭਾਲ ਇਮਾਰਤੀ ਕੋਡ ਦੀ ਵਰਤੋ ਕੀਤੀ ਜਾਂਦੀ ਏ। ਊਰਜਾ ਸੰਭਾਲ ਤੇ ਸਮਰੱਥਾ ਵਾਧੇ ਦੇ ਖੇਤਰ ਵਿਚ ਪਹਿਲਕਦਮੀਆਂ ਲਈ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਅਧਿਕਾਰੀਆਂ ਦੀ ਸ਼ਲਾਘਾ ਕੀਤੀ । ਕੈਬਨਿਟ ਮੰਤਰੀ ਸ੍ਰੀ ਅਰੋੜਾ ਨੇ ਕਿਹਾ ਕਿ ਉਦਯੋਗਿਕ ਵਿਸਥਾਰ ਅਤੇ ਬੁਨਿਆਦੀ ਢਾਂਚੇ ਦੀਆਂ ਜ਼ਰੂਰਤਾਂ ਦੇ ਨਾਲ-ਨਾਲ ਬਿਜਲੀ ਦੀ ਮੰਗ ਨੂੰ ਧਿਆਨ ਵਿਚ ਰੱਖਦੇ ਹੋਏ ਬਿਜਲੀ ਉਤਪਾਦਨ ਲਈ ਰਵਾਇਤੀ ਬਿਜਲੀ ਉਤਪਾਦਨ ਦੀ ਥਾਂ ਤੇ ਸੂਰਜੀ ਊਰਜਾ, ਪਣ ਬਿਜਲੀ ਉਤਪਾਦਨ ਅਤੇ ਬਾਇਓਮਾਸ ਬਿਜਲੀ ਉਤਪਾਦਨ ਦੀਆਂ ਵਿਧੀਆਂ ਨੂੰ ਅਪਣਾਉਣਾ ਸਮੇਂ ਦੀ ਲੋੜ ਏ, ਜੋ ਊਰਜਾ ਸਮਰੱਥਾ ਅਤੇ

ਸੰਭਾਲ ਦੇ ਨਾਲ -ਨਾਲ ਵਾਤਾਵਰਣ ਸੰਭਾਲ ਲਈ ਸਭ ਤੋਂ ਵਧੇਰੇ ਕਾਰਗਰ ਸਾਬਤ ਹੋਣਗੀਆਂ।

---------------------------------------------

ਭਾਰਤ ਨੇ ਬੀਤੀ ਰਾਤ ਧਰਮਸ਼ਾਲਾ ਵਿੱਚ ਪੰਜ ਮੈਚਾਂ ਦੀ ਟਵੈਂਟੀ-ਟਵੈਂਟੀ  ਲੜੀ ਦੇ ਤੀਜੇ ਮੈਚ ਵਿੱਚ ਦੱਖਣੀ ਅਫਰੀਕਾ ਨੂੰ ਸੱਤ ਵਿਕਟਾਂ ਨਾਲ ਹਰਾਇਆ। ਦੱਖਣੀ ਅਫਰੀਕਾ ਦੇ 118 ਦੌੜਾਂ ਦੇ ਟੀਚੇ ਦੇ ਜਵਾਬ ਵਿੱਚ, ਭਾਰਤ ਨੇ 15 ਓਵਰਾਂ ਅਤੇ ਪੰਜ ਗੇਂਦਾਂ ਵਿੱਚ ਤਿੰਨ ਵਿਕਟਾਂ ਦੇ ਨੁਕਸਾਨ 'ਤੇ 120 ਦੌੜਾਂ ਬਣਾ ਲਈਆਂ। ਭਾਰਤ ਲਈ ਅਰਸ਼ਦੀਪ ਸਿੰਘ, ਹਰਸ਼ਿਤ ਰਾਣਾ, ਵਰੁਣ ਚੱਕਰਵਰਤੀ ਅਤੇ ਕੁਲਦੀਪ ਯਾਦਵ ਨੇ ਦੋ-ਦੋ ਵਿਕਟਾਂ ਲਈਆਂ। ਇਸ ਜਿੱਤ ਨਾਲ ਭਾਰਤ ਨੇ ਪੰਜ ਮੈਚਾਂ ਦੀ ਲੜੀ ਵਿੱਚ ਦੋ-ਇੱਕ ਦੀ ਬੜ੍ਹਤ ਬਣਾ ਲਈ ਏ । ਲੜੀ ਦਾ ਚੌਥਾ ਮੈਚ ਬੁੱਧਵਾਰ ਨੂੰ ਲਖਨਊ ਵਿੱਚ ਖੇਡਿਆ ਜਾਵੇਗਾ।

---------------------------------------------